**ਦਫਤਰ: ਕਾਰਜਕਾਰੀ ਇੰਜੀਨੀਅਰ,ਉਸਾਰੀ ਮੰਡਲ ਨੰ: 1, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ.ਨਗਰ**
**(ਇੰਡਸਟਰੀਅਲ ਏਰੀਆ ਫੇਸ 1, ਨੇੜੇ ਪੁਲਿਸ ਥਾਣਾ ਫੇਸ 1, ਐਸ. ਏ. ਐਸ. ਨਗਰ)**
**E-mail: pwdc1mohali@gmail.com Tel / Fax: 0172-2225863**

ਵੱਲ,

Principal,
Gillco International School,
Sector- 127, Mohali.

ਮੀਮੋ ਨੰ: 1548 ਮਿਤੀ: 10/04/26

ਵਿਸ਼ਾ:- **ਬਿਲਡਿੰਗ ਸੇਫਟੀ ਸਰਟੀਫਿਕੇਟ (ਸਾਲ 2026-2027) ਜਾਰੀ ਕਰਨ ਸਬੰਧੀ।**
**(Gilico International School,Gillco Valley Sector-127,Kharar, Mohali)**

ਹਵਾਲਾ:- ਆਪ ਦੇ ਦਫਤਰ ਦਾ ਪੱਤਰ ਨੰ- ਨਿੱਲ ਮਿਤੀ- 24-03-2026 ਦੇ ਸਬੰਧ ਵਿੱਚ।

**********

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਲੋ.ਨਿ.ਵਿ ਭ ਤੇ ਮ ਸ਼ਾਖਾ, ਖਰੜ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ-5/13/2018-3BR3/1294287/3 ਮਿਤੀ- 10.08.2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ 20,000/- ਰੁਪਏ ਚਲਾਨ ਨੰ- 22741114 ਮਿਤੀ- 07-04-2026 ਰਾਹੀਂ ਜਮ੍ਹਾ ਕਰਵਾ ਦਿੱਤੀ ਗਈ ਹੈ। ਜਿਸ ਸਬੰਧ ਵਿੱਚ ਸਕੂਲ ਦਾ ਬਿਲਡਿੰਗ ਸਰਟੀਫਿਕੇਟ ਨਾਲ ਨੱਥੀ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਸਰਟੀਫਿਕੇਟ

**ਕਾਰਜਕਾਰੀ ਇੰਜੀਨੀਅਰ,**
**ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,**
**ਸਾਹਿਬਜਾਦਾ ਅਜੀਤ ਸਿੰਘ ਨਗਰ।**

ਪਿੱਠ ਅੰਕਣ ਨੰ- ਮਿਤੀ-

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਲੋ.ਨਿ.ਵਿ ਭ ਤੇ ਮ ਸ਼ਾਖਾ, ਖਰੜ ਨੂੰ ਉਨ੍ਹਾਂ ਦੇ ਦਫਤਰ ਦੇ ਮੀਮੋ ਨੰ- 92 ਮਿਤੀ- 08-04-2026 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸ਼ਹੀ -
**ਕਾਰਜਕਾਰੀ ਇੰਜੀਨੀਅਰ,**
**ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,**
**ਸਾਹਿਬਜਾਦਾ ਅਜੀਤ ਸਿੰਘ ਨਗਰ।**

# Building Safety Certificate

Subject: Building Safety Certificate for Gillco International School, Gillco Valley, Sector 127, Mohali (Pb.).

Gillco International School, Gillco Valley, Sector 127, Mohali (Pb.)ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ Er, Neha, ME Structure, Plot No. 1710, Sector 82, Mohali ਵਲੋ ਮਿਤੀ: 24.03.2026 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2027 ਤੱਕ ਹੇਠ ਲਿਖੀਆਂ ਸ਼ਰਤਾ ਤੇ ਜਾਰੀ ਕੀਤਾ ਜਾਂਦਾ ਹੈ:-

1) ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2) ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜ਼ੋ ਬਣਦੀ ਕਾਰਵਾਈ ਕੀਤੀ ਜਾ ਸਕੇ।
3) ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟਿਫਿਕੇਟ ਪੰਜਬ ਫਾਇਰ ਸਰਵਸਿਸ, ਖਰੜ ਵੱਲੋ ਉਨ੍ਹਾਂ ਦੇ ਨੰ: 1503-116663-Fire/88030 ਮਿਤੀ: 28.05.2025 ਰਾਹੀ ਜਾਰੀ ਕੀਤਾ ਗਿਆ ਹੈ। ਜ਼ੋ ਕਿ ਮਿਤੀ 27.05.2026 ਤੱਕ ਵੈਲੀਡ ਹੈ। ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟਿਫਿਕੇਟ ਸਕੂਲ ਵਲੋ ਵਿੱਤੀ ਸਾਲ 2026-27 ਜਾਰੀ ਹੋਣ ਉਪਰੰਤ ਇਸ ਦਫਤਰ ਵਿੱਖੇ ਜਮ੍ਹਾਂ ਕਰਵਾਉਣ ਲਈ ਪਾਬੰਧ ਹੋਵੇਗੀ ਅਤੇ ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4) ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਵੁਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੇਕਾਰ ਦੀ ਹੋਵੇਗੀ।
5) ਜੇਕਰ ਸਕੂਲ ਵੱਲੋ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6) ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ/ ਸਰਕਾਰ ਵੱਲੋ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸਸੰਥਾ ਮਨਣ ਦੀ ਪਾਬੰਦ ਹੋਵੇਗੀ।
7) ਜੇਕਰ ਬਿਲਡਿੰਗ ਉੱਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8) ਇਹ ਸਰਟੀਫਿਕੇਟ ਕੇਵਲ visual inspection ਦੇ ਅਧਾਰ ਤੇ ਕੇਵਲ structural safety ਪੱਖੋ ਜਾਰੀ ਕੀਤਾ ਗਿਆ ਹੈ, ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।
9) ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ ਭ ਤੇ ਮ ਸ਼ਾਖਾ,
ਖਰੜ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:1 ਲੋ:ਨਿ:ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।